# ਦਫਤਰ ਜਿਲ੍ਹਾ ਸਿੱਖਿਆ ਅਫਸਰ (ਸੈ.ਸਿ.) ਬਠਿੰਡਾ

3rd Floor Mini Secretariat Bathinda
bti.deosebathinda@punjabeducation.gov.in

ਵੱਲ,

ਸਮੂਹ ਪ੍ਰਿੰਸੀਪਲ / ਮੁੱਖ ਅਧਿਆਪਕ,

ਸਮੂਹ ਸੈਕੰਡਰੀ / ਹਾਈ / ਮਿਡਲ ਸਕੂਲ,

ਜ਼ਿਲ੍ਹਾ ਬਠਿੰਡਾ।

ਪੱਤਰ ਨੰ: 334 ਮਿਤੀ :-29.05.2026

ਹਵਾਲਾ: ਰਾਜ ਵਿੱਦਿਅਕ ਖੋਜ ਅਤੇ ਸਿਖਲਾਈ ਪ੍ਰੀਸ਼ਦ, ਪੰਜਾਬ (SCERT) ਦਾ ਪੱਤਰ ਨੰ: E-978824/SCERT/2026145518 ਮਿਤੀ 22.05.2026

**ਵਿਸ਼ਾ: ਪੰਜਾਬ ਦੇ ਸਮੂਹ ਸਰਕਾਰੀ ਸਕੂਲਾਂ ਵਿੱਚ ਮਿਤੀ 30 ਮਈ 2026 ਨੂੰ Mega PTM ਅਤੇ ਮਾਪਿਆਂ ਦੀ ਵਰਕਸ਼ਾਪ ਰਾਹੀਂ "ਸਿੱਖਿਆ ਦਾ ਮਹਾਂ ਜਸ਼ਨ" ਮਨਾਉਣ ਸਬੰਧੀ।**

ਉਪਰੋਕਤ ਵਿਸ਼ੇ ਵੱਲ ਧਿਆਨ ਦੇਣ ਦੀ ਖੇਚਲ ਕੀਤੀ ਜਾਵੇ। ਆਪ ਜੀ ਨੂੰ ਪਤਾ ਹੀ ਹੈ ਕਿ ਸਕੂਲ ਸਿੱਖਿਆ ਅਤੇ ਸਾਖਸ਼ਰਤਾ ਵਿਭਾਗ, ਸਿੱਖਿਆ ਮੰਤਰਾਲਾ, ਭਾਰਤ ਸਰਕਾਰ ਵੱਲੋਂ ਜਾਰੀ 2024-25 ਦੇ ਪ੍ਰਫਾਰਮੈਂਸ ਗ੍ਰੇਡਿੰਗ ਇੰਡੈਕਸ (ਪੀ.ਜੀ.ਆਈ.) 2.0 ਤਹਿਤ ਜਾਰੀ ਰਿਪੋਰਟ ਵਿੱਚ ਪੰਜਾਬ ਨੇ ਪਹਿਲਾ ਸਥਾਨ ਹਾਸਲ ਕੀਤਾ ਹੈ। ਇਸ ਤੋਂ ਇਲਾਵਾ ਨੀਤੀ ਆਯੋਗ ਦੀ ਸਿੱਖਿਆ ਗੁਣਵੱਤਾ ਰਿਪੋਰਟ 2026 ਵਿੱਚ ਵੀ ਪੰਜਾਬ ਨੇ ਪਹਿਲਾ ਸਥਾਨ ਅਤੇ ਪ੍ਰਚੇਸ਼ਟਾ ਗ੍ਰੇਡ-1 ਹਾਸਲ ਕੀਤਾ ਹੈ। ਸਿੱਖਿਆ ਕ੍ਰਾਂਤੀ ਤਹਿਤ ਪੰਜਾਬ ਦੀ ਇਸ ਸ਼ਾਨਦਾਰ ਪ੍ਰਾਪਤੀ ਨੂੰ ਅਧਿਆਪਕਾਂ, ਮਾਪਿਆਂ ਅਤੇ ਵਿਦਿਆਰਥੀਆਂ ਨਾਲ ਸਾਂਝਾ ਕਰਨ ਲਈ ਪੰਜਾਬ ਰਾਜ ਦੇ ਸਮੂਹ ਸਰਕਾਰੀ ਪ੍ਰਾਇਮਰੀ, ਮਿਡਲ, ਹਾਈ ਅਤੇ ਸੀਨੀਅਰ ਸੈਕੰਡਰੀ ਸਕੂਲਾਂ ਵਿੱਚ ਮਿਤੀ 30 ਮਈ 2026 (ਸ਼ਨੀਵਾਰ) ਨੂੰ Mega PTM ਅਤੇ ਮਾਪਿਆਂ ਦੀ ਵਰਕਸ਼ਾਪ ਰਾਹੀਂ "ਸਿੱਖਿਆ ਦਾ ਮਹਾਂ ਜਸ਼ਨ" ਮਨਾਇਆ ਜਾ ਰਿਹਾ ਹੈ। ਇਸ ਸਬੰਧੀ ਸਮੂਹ ਸਕੂਲ ਮੁਖੀਆਂ ਨੂੰ ਹਦਾਇਤ ਕੀਤੀ ਜਾਂਦੀ ਹੈ ਕਿ ਉਹ ਆਪਣੇ ਸਕੂਲ ਵਿੱਚ ਇਸ ਸਮਾਗਮ ਦਾ ਆਯੋਜਨ ਕਰਨ ਅਤੇ ਹੇਠ ਲਿਖੇ ਮੁੱਖ ਉਦੇਸ਼ਾਂ ਨੂੰ ਇੰਨ-ਬਿੰਨ ਪੂਰਾ ਕਰਨਾ ਯਕੀਨੀ ਬਣਾਉਣ:

➢ **Mega PTM ਅਤੇ ਮਾਪਿਆਂ ਦੀ ਵਰਕਸ਼ਾਪ ਦੇ ਉਦੇਸ਼:**

- ਨੀਤੀ ਆਯੋਗ ਵੱਲੋਂ ਜਾਰੀ ਸਕੂਲ ਸਿੱਖਿਆ ਗੁਣਵੱਤਾ ਰਿਪੋਰਟ ਵਿੱਚ ਪੰਜਾਬ ਦੇ ਪਹਿਲਾ ਸਥਾਨ ਪ੍ਰਾਪਤ ਕਰਨ ਲਈ ਸਕੂਲਾਂ ਵਿੱਚ ਕੰਮ ਕਰਦੇ ਸਮੂਹ ਸਟਾਫ਼ ਵੱਲੋਂ ਕੀਤੀ ਮਿਹਨਤ ਦੀ ਹੌਸਲਾ ਅਫ਼ਜ਼ਾਈ ਕਰਨਾ ਅਤੇ ਮਾਪਿਆਂ ਤੱਕ ਇਸ ਜਾਣਕਾਰੀ ਨੂੰ ਸਾਂਝਾ ਕਰਨਾ।
- ਬੋਰਡ ਪ੍ਰੀਖਿਆਵਾਂ ਵਿੱਚ ਸਕੂਲ ਪੱਧਰ ਤੇ ਪਹਿਲੇ ਤਿੰਨ ਸਥਾਨ ਪ੍ਰਾਪਤ ਕਰਨ ਵਾਲੇ ਵਿਦਿਆਰਥੀਆਂ ਨੂੰ ਸਰਟੀਫਿਕੇਟ ਦੇ ਕੇ ਸਨਮਾਨਿਤ ਕਰਨਾ।
- ਬੋਰਡ ਪ੍ਰੀਖਿਆਵਾਂ ਵਿੱਚ ਕਿਸੇ ਵੀ ਵਿਸ਼ੇ ਵਿੱਚ 100% ਅੰਕ ਹਾਸਲ ਕਰਨ ਵਾਲੇ ਵਿਦਿਆਰਥੀਆਂ ਨੂੰ ਸਰਟੀਫਿਕੇਟ ਦੇ ਕੇ ਸਨਮਾਨਿਤ ਕਰਨਾ।
- JEE, CLAT and Other Competitive Exams ਪਾਸ ਕਰਨ ਵਾਲੇ ਵਿਦਿਆਰਥੀਆਂ ਨੂੰ ਸਰਟੀਫਿਕੇਟ ਦੇ ਕੇ ਸਨਮਾਨਿਤ ਕਰਨਾ।
- ਅੱਪਰ ਪ੍ਰਾਇਮਰੀ ਸਕੂਲਾਂ ਵਿੱਚ ਹੁਨਰ ਸਿੱਖਿਆ ਵਾਲੇ ਵਿਦਿਆਰਥੀ ਜੋ ਕਿ Internship ਲਈ ਜਾ ਰਹੇ ਹਨ, ਉਹਨਾਂ ਨੂੰ "GOOD LUCK" certificate ਦੇ ਕੇ ਹੌਸਲਾ ਅਫ਼ਜ਼ਾਈ ਕਰਨਾ।

ਇਸ ਕਾਰਜ ਨੂੰ ਪਰਮ ਅਗੇਤ ਦਿੱਤੀ ਜਾਵੇ ਅਤੇ ਸਮੂਹ ਸਕੂਲ ਮੁਖੀ ਇਸ Mega PTM ਨੂੰ ਸਫ਼ਲ ਬਣਾਉਣ ਲਈ ਨਿੱਜੀ ਤੌਰ 'ਤੇ ਨਿਗਰਾਨੀ ਰੱਖਣ।

29/5/26

ਜਿਲ੍ਹਾ ਸਿੱਖਿਆ ਅਫਸਰ(ਸੈ.ਸਿ)
ਬਠਿੰਡਾ